# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 10-10-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਦੀ ਐਕਟ ਈਸਟ ਨੀਤੀ ਨੇ ਆਸੀਆਨ ਦੇਸ਼ਾਂ ਨਾਲ ਸਬੰਧਾਂ ਨੂੰ ਨਵੀਂ ਊਰਜਾ, ਗਤੀ ਅਤੇ ਦਿਸ਼ਾ ਦਿੱਤੀ ਏ ।
- ਉਘੇ ਸਨਅਤਕਾਰ ਅਤੇ ਮਾਨਵਤਾਵਾਦੀ, ਰਤਨ ਟਾਟਾ ਦਾ ਅੱਜ ਵਰ੍ਲੀ ਦੇ ਸ਼ਮਸ਼ਾਨ ਘਟ ‘ਤੇ = ਅੰਤਮ ਸੰਸਕਾਰ ਕਰ ਦਿੱਤਾ ਗਿਆ ਏ ।
- ਪੰਜਾਬ ਦੇ ਰਾਜਪਾਲ ਅਤੇ ਕੇਂਦਰ ਪਰਬੰਧਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ’ਚ ਪੰਜਾਬ ਰਾਜ ਭਵਨ ਵਿਖੇ ਰਾਸ਼ਟਰੀ ਸਿੱਖਿਆ ਨੀਤੀ 2020 'ਤੇ ਦੋ ਰੋਜ਼ਾ ਵਾਈਸ ਚਾਂਸਲਰ ਕਾਨਫਰੰਸ ਦਾ ਉਦਘਾਟਨ ਕੀਤਾ।

- ਪੰਜਾਬ ਵਿਚ ਖੇਤੀਬਾੜੀ ਵਿਭਾਗ ਵਲੋਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਖੇਤਾਂ ਵਿੱਚ ਹੀ ਰਲਾਉਣ ਅਤੇ ਸੁਚੱਜੇ ਪ੍ਰਬੰਧਨ ਦੀ ਅਪੀਲ ਕੀਤੀ ਜਾ ਰਹੀ ਏ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਦੀ ਐਕਟ ਈਸਟ ਨੀਤੀ ਨੇ ਆਸੀਆਨ ਦੇਸ਼ਾਂ ਨਾਲ ਸਬੰਧਾਂ ਨੂੰ ਨਵੀਂ ਊਰਜਾ, ਗਤੀ ਅਤੇ ਦਿਸ਼ਾ ਦਿੱਤੀ ਏ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ 21ਵੀਂ ਸਦੀ ਭਾਰਤ ਅਤੇ ਆਸੀਆਨ ਦੇਸ਼ਾਂ ਦੀ ਸਦੀ ਏ। ਲਾਓ ਪੀਡੀਆਰ ਦੇ ਵਿਏਨਟਿਏਨ, ਵਿੱਚ ਭਾਰਤ-ਆਸੀਆਨ ਸੰਮੇਲਨ ਵਿੱਚ ਬੋਲਦਿਆਂ, ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਅਤੇ ਆਸੀਆਨ ਦੇਸ਼ ਸ਼ਾਂਤੀ ਪਸੰਦ ਰਾਸ਼ਟਰ ਨੇ, ਅਤੇ ਉਹ ਇੱਕ ਦੂਜੇ ਦੀ ਰਾਸ਼ਟਰੀ ਅਖੰਡਤਾ ਅਤੇ ਪ੍ਰਭੂਸੱਤਾ ਦਾ ਸਨਮਾਨ ਕਰਦੇ ਨੇ. ਉਨ੍ਹਾਂ ਕਿਹਾ ਕਿ ਜਦੋਂ ਦੁਨੀਆ ਦੇ ਕਈ ਹਿੱਸੇ ਜੰਗ ਅਤੇ ਤਣਾਅ ਨੂ ਝੱਲ ਰਹੇ ਨੇ, ਅਜਿਹੇ ਸਮੇਂ ਭਾਰਤ ਅਤੇ ਆਸੀਆਨ ਦਰਮਿਆਨ ਦੋਸਤੀ, ਸਹਿਯੋਗ, ਗੱਲਬਾਤ ਅਤੇ ਭਾਈਵਾਲੀ ਬਹੁਤ ਅਹਿਮ ਏ . ਭਾਰਤ ਅਤੇ ਆਸੀਆਨ ਦੇਸ਼ਾਂ ਦਰਮਿਆਨ ਸਬੰਧਾਂ ਦੇ

ਮਹੱਤਵ ਨੂੰ ਉਜਾਗਰ ਕਰਦੇ ਹੋਏ ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਪਿਛਲੇ ਦਸ ਸਾਲਾਂ ਵਿੱਚ ਆਸੀਆਨ ਖੇਤਰ ਨਾਲ ਵਪਾਰ ਲਗਭਗ ਦੁੱਗਣਾ ਹੋ ਕੇ 130 ਅਰਬ ਡਾਲਰ ਤੋਂ ਵੱਧ ਹੋ ਗਿਆ ਏ । ਉਨ੍ਹਾਂ ਕਿਹਾ ਕਿ, ਭਾਰਤ  ਅਤੇ ਆਸੀਆਨ ਦੇ ਸੱਤ ਦੇਸ਼ਾਂ ਦਰਮਿਆਨ ਸਿੱਧੀ ਉਡਾਣ ਏ ਅਤੇ ਜਲਦੀ ਹੀ ਬ੍ਰੂਨੇਈ ਨਾਲ ਸਿੱਧੀਆਂ ਉਡਾਣਾਂ ਸ਼ੁਰੂ ਹੋ ਜਾਣਗੀਆਂ। ਓਹਨਾਂ ਇਹ ਵੀ ਦੱਸਿਆ ਕਿ ਭਾਰਤ ਨੇ ਤਿਮੋਰ-ਲੇਸਟੇ ਵਿੱਚ ਨਵੇਂ ਕੌਂਸਲ ਖਾਣੇ ਖੋਲ੍ਹੇ ਨੇ, ਅਤੇ ਸਿੰਗਾਪੁਰ, ਆਸੀਆਨ ਖੇਤਰ ਵਿੱਚ ਪਹਿਲਾ ਦੇਸ਼ ਸੀ ਜਿਸ ਨਾਲ ਭਾਰਤ ਨੇ ਫਿਨਟੈਕ ਕਨੈਕਟੀਵਿਟੀ ਕਾਇਮ ਕੀਤੀ ਸੀ।  ਅੱਜ ਦੁਪਹਿਰ ਬਾਅਦ ਲਾਓ ਪੀਡੀਆਰ ਦੇ ਵਿਏਨਟਿਏਨ ਪਹੁੰਚਣ 'ਤੇ, ਲਾਓ ਪੀਡੀਆਰ ਦੇ ਗ੍ਰਿਹ ਮਾਮਲਿਆਂ ਦੇ ਮੰਤਰੀ, ਵਿਲੇਵੋਂਗ ਬੌਂਦਖਾਮ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦਾ ਸੁਆਗਤ ਕੀਤਾ। ਭਾਰਤੀ ਪ੍ਰਵਾਸੀਆਂ ਨੇ ਹੋਟਲ ਵਿੱਚ ਸ੍ਰੀ ਮੋਦੀ ਦਾ ਸਵਾਗਤ ਕੀਤਾ ।

---------------------------------------------------------------

ਉਘੇ ਸਨਅਤਕਾਰ ਅਤੇ ਮਾਨਵਤਾਵਾਦੀ, ਰਤਨ ਟਾਟਾ ਦਾ ਅੱਜ ਵਰ੍ਲੀ ਦੇ ਸ਼ਮਸ਼ਾਨ ਘਾਟ ‘ਤੇ ਅੰਤਮ ਸੰਸਕਾਰ ਕਰ ਦਿੱਤਾ ਗਿਆ ਏ । ਇਸ ਤੋਂ

ਪਹਿਲਾਂ ਰਤਨ ਟਾਟਾ ਦੀ ਦੇਹ ਨੂੰ ਸ਼ਾਮ ਸਾਢੇ 4 ਵਜੇ ਤਕ ਰਾਸ਼ਟਰੀ ਪ੍ਰਦਰਸ਼ਨ ਕਲਾ ਕੇਂਦਰ ਵਿਖੇ ਲੋਕਾਂ ਵੱਲੋਂ ਸ਼ਰਧਾਂਜਲੀ ਭੇਂਟ ਕਰਣ ਲਈ ਰਖਿਆ ਗਿਆ ਸੀ. ਬੀਤੀ ਰਾਤ 86 ਸਾਲ ਦੀ ਉਮਰ ਵਿੱਚ ਮੁੰਬਈ ਵਿੱਚ ਓਹਨਾਂ ਦਾ ਦਿਹਾਂਤ ਹੋ ਗਿਆ ਸੀ । ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਹੋਰ ਪਤਵੰਤਿਆਂ ਨੇ ਸ੍ਰੀ ਰਤਨ ਟਾਟਾ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ ਏ । ਕੇਂਦਰੀ ਗ੍ਰਿਹ ਮੰਤਰੀ ਅਮਿਤ ਸ਼ਾਹ ਕੇਂਦਰ ਸਰਕਾਰ ਦੀ ਤਰਫੋਂ ਓਹਨਾਂ ਦੇ ਅੰਤਮ ਸੰਸਕਾਰ ‘ਚ ਸ਼ਾਮਿਲ ਹੋਏ। ਮਹਾਰਾਸ਼ਟਰਾ ਸਰਕਾਰ ਨੇ ਓਹਨਾਂ ਦੇ ਸਨਮਾਨ ‘ਚ ਅੱਜ ਸਰਕਾਰੀ ਸੋਗ ਦਾ ਐਲਾਨ ਕੀਤਾ ਏ ।

----------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਪਰਬੰਧਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ’ਚ ਪੰਜਾਬ ਰਾਜ ਭਵਨ ਵਿਖੇ ਰਾਸ਼ਟਰੀ ਸਿੱਖਿਆ ਨੀਤੀ (ਐਨ.ਈ.ਪੀ.) 2020 'ਤੇ ਦੋ ਰੋਜ਼ਾ ਵਾਈਸ ਚਾਂਸਲਰ ਕਾਨਫਰੰਸ ਦਾ ਉਦਘਾਟਨ ਕੀਤਾ । ਆਪਣੇ

ਉਦਘਾਟਨੀ ਭਾਸ਼ਣ ਵਿੱਚ, ਪੰਜਾਬ ਦੇ ਰਾਜਪਾਲ ਨੇ ਇੱਕ ਸੰਤੁਲਿਤ ਵਿਦਿਅਕ ਢਾਂਚੇ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਜੋ ਵਿਦਿਆਰਥੀਆਂ ਨੂੰ ਸਮਕਾਲੀ ਹੁਨਰਾਂ ਨਾਲ ਲੈਸ ਕਰਦੇ ਹੋਏ ਭਾਰਤ ਦੇ ਅਮੀਰ ਸੱਭਿਆਚਾਰਕ ਵਿਰਸੇ ਦਾ ਸਨਮਾਨ ਕਰਦਾ ਏ। ਓਹਨਾਂ ਕਿਹਾ ਕਿ "ਸਿੱਖਿਆ ਨੂੰ ਸਾਡੀਆਂ ਸਮੇਂ ਦੀ ਕਸੌਟੀ 'ਤੇ ਖਰੀਆਂ ਉਤਰੀਆਂ ਰਵਾਇਤਾਂ ਅਤੇ ਅੱਜ ਦੀਆਂ ਤਕਨੀਕੀ ਤਰੱਕੀਆਂ ਦਰਮਿਆਨ ਇਕਸੁਰਤਾ ਪੈਦਾ ਕਰਨੀ ਚਾਹੀਦੀ ਏ . ਪੰਜਾਬ ਦੇ ਰਾਜਪਾਲ ਨੇ ਕੁਝ ਹੋਰ ਰਾਜਾਂ ਦੇ ਮੁਕਾਬਲੇ ਪੰਜਾਬ ਦੀ ਸਿੱਖਿਆ ਪ੍ਰਣਾਲੀ ਦੇ ਉੱਚ ਮਿਆਰਾਂ ਅਤੇ ਤਰੱਕੀ ਨੂੰ ਦੇਖਦੇ ਹੋਏ ਇਸ ਦੀ ਸ਼ਲਾਘਾ ਕੀਤੀ। ਓਹਨਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ NEP 2020 ਵਿਦਿਅਕ ਨਤੀਜਿਆਂ ਨੂੰ ਹੋਰ ਵਧਾਉਣ ਲਈ ਇੱਕ ਵਡਮੁੱਲਾ ਢਾਂਚਾ ਪੇਸ਼ ਕਰਦੀ ਏ ਤੇ ਨਾਲ ਹੀ ਸੰਸਥਾਵਾਂ ਨੂੰ ਪ੍ਰਤਿਭਾ ਦੀ ਪਛਾਣ, ਭਾਸ਼ਾ ਦੀ ਸ਼ਮੂਲੀਅਤ, ਅਤੇ ਅਧਿਆਪਕਾਂ ਦੀ ਗਿਹਿਨਤਾ ਨਾਲ ਕੀਤੀ ਜਾਂਦੀ ਚੋਣ ਨੂੰ ਉਹਨਾਂ ਦੀ ਪਹੁੰਚ ਵਿੱਚ ਜੋੜਨ ਲਈ ਉਤਸ਼ਾਹਿਤ ਕਰਦੀ ਏ। ਰਾਜਪਾਲ ਨੇ ਕਿਹਾ ਕਿ, ਪੰਜਾਬ ਨੂੰ ਅਜਿਹੀ ਪ੍ਰਣਾਲੀ ਦੀ ਹਮਾਇਤ ਕਰਕੇ ਆਪਣੀ ਸਿੱਖਿਆ

ਲੀਡਰਸ਼ਿਪ ਨੂੰ ਜਾਰੀ ਰੱਖਣਾ ਚਾਹੀਦਾ ਏ ਜੋ ਵਿਅਕਤੀਗਤ ਪ੍ਰਤਿਭਾਵਾਂ ਦਾ ਜਸ਼ਨ ਮਨਾਉਂਦੀ ਏ, ਭਾਸ਼ਾ ਦੇ ਪਾੜੇ ਨੂੰ ਪੂਰਦੀ ਏ ਅਤੇ ਸੰਸਥਾਗਤ ਵਿਕਾਸ ਨੂੰ ਯਕੀਨੀ ਬਣਾਉਂਦੀ ਏ। ਰਾਜਪਾਲ ਨੇ ਯੂਨੀਵਰਸਿਟੀ ਪਾਠਕ੍ਰਮ ਵਿੱਚ ਖੇਤਰੀ ਭਾਸ਼ਾ ਨੂੰ ਸ਼ਾਮਲ ਕਰਨ ਦੀ ਅਹਿਮੀਅਤ ਤੇ ਚਾਨਣਾ ਪਾਇਆ ਤੇ ਕਿਹਾ ਕਿ ਇਹ ਖੇਤਰੀ-ਭਾਸ਼ਾ ਵਾਲੇ ਸਕੂਲਾਂ ਤੋਂ ਉੱਚ ਸਿੱਖਿਆ ਵੱਲ ਜਾਣ ਵਾਲੇ ਵਿਦਿਆਰਥੀਆਂ ਲਈ ਤਬਦੀਲੀਆਂ ਨੂੰ ਆਸਾਨ ਬਣਾਇਆ। "ਰਾਜਪਾਲ ਨੇ ਅੱਗੇ ਕਿਹਾ ਕਿ 2035 ਤੱਕ ਰਾਸ਼ਟਰੀ ਸਿੱਖਿਆ ਨੀਤੀ (ਐਨਈਪੀ) 2020 ਦੇ ਅਭਿਲਾਸ਼ੀ ਟੀਚਿਆਂ ਨੂੰ ਪ੍ਰਾਪਤ ਕਰਨ ਲਈ ਸਰਕਾਰੀ ਸੰਸਥਾਵਾਂ, ਵਿਦਿਅਕਸੰਸਥਾਵਾਂ, ਸਿੱਖਿਅਕਾਂ, ਵਿਦਿਆਰਥੀਆਂ, ਮਾਪਿਆਂ ਅਤੇ ਨਿੱਜੀ ਖੇਤਰ ਸਮੇਤ ਸਾਰੇ ਹਿੱਸੇਦਾਰਾਂ ਦੇ ਇੱਕਜੁੱਟ ਅਤੇ ਸਹਿਯੋਗੀ ਯਤਨਾਂ ਦੀ ਲੋੜ ਏ ।ਉਦਘਾਟਨੀ ਸੈਸ਼ਨ ਤੋਂ ਬਾਅਦ, ਪੰਜਾਬ ਭਰ ਦੀਆਂ ਸਾਰੀਆਂ ਸਰਕਾਰੀ ਅਤੇ ਪ੍ਰਾਈਵੇਟ ਯੂਨੀਵਰਸਿਟੀਆਂ ਅਤੇ ਸੰਸਥਾਵਾਂ ਦੇ ਮਾਹਿਰਾਂ ਅਤੇ ਵਾਈਸ ਚਾਂਸਲਰ ਅਤੇ ਡਾਇਰੈਕਟਰਾਂ ਨਾਲ ਇੱਕ ਗੋਲ-ਮੇਜ਼ ਚਰਚਾ ਕੀਤੀ ਗਈ। ਹਰੇਕ ਵਾਈਸ ਚਾਂਸਲਰ ਅਤੇ ਡਾਇਰੈਕਟਰ

ਨੇ ਰਾਸ਼ਟਰੀ ਸਿੱਖਿਆ ਨੀਤੀ (ਐਨ.ਈ.ਪੀ.) ਨੂੰ ਲਾਗੂ ਕਰਨ ਬਾਰੇ ਜਾਣਕਾਰੀ ਦਿੱਤੀ ਅਤੇ ਆਪਣੀਆਂ-ਆਪਣੀਆਂ ਯੂਨੀਵਰਸਿਟੀਆਂ ਅਤੇ ਸੰਸਥਾਵਾਂ ਦੀਆਂ ਮੁੱਖ ਪ੍ਰਾਪਤੀਆਂ ‘ਤੇ ਚਾਨਣਾ ਪਾਇਆ।

-------------------------------------------------------

ਪੰਜਾਬ ਵਿਚ ਖੇਤੀਬਾੜੀ ਵਿਭਾਗ ਵਲੋਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਖੇਤਾਂ ਵਿੱਚ ਹੀ ਰਲਾਉਣ ਅਤੇ ਸੁਚੱਜੇ ਪ੍ਰਬੰਧਨ ਦੀ ਅਪੀਲ ਕੀਤੀ ਜਾ ਰਹੀ ਏ। ਪਰਾਲੀ ਨੂੰ ਅੱਗ ਨਾ ਲਗਾਉਣ ਵਾਲੇ ਅਤੇ ਇਸਦੀ ਸੁਚੱਜੀ ਸਾਂਭ ਸੰਭਾਲ ਕਰਨ ਵਾਲੇ ਕਿਸਾਨ ਵੀ ਸਾਰਿਆਂ ਲਈ ਰਾਹ ਦਸੇਰੇ ਬਣੇ ਹੋਏ ਨੇ। ਕੁਝ ਕਿਸਾਨਾਂ ਨੇ ਇਸ ਸੰਬੰਧ ‘ਚ ਆਪਣੇ ਵਿਚਾਰ ਸਾਂਝੇ ਕੀਤੇ।

**BYTE-**

-------------------------------------------------------

ਪਟਿਆਲਾ ਦੇ ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਦੱਸਿਆ ਏ ਕਿ ਜ਼ਿਲ੍ਹੇ ਵਿੱਚ 108 ਖਰੀਦ ਕੇਂਦਰਾਂ ਵਿਚੋਂ ਹੁਣ ਤੱਕ 81 ਮੰਡੀਆਂ ਵਿੱਚ ਝੋਨੇ ਦੀ ਆਮਦ ਸ਼ੁਰੂ ਹੋ ਚੁੱਕੀ ਏ ਅਤੇ ਬੀਤੇ ਕਲ ਤੱਕ ਮੰਡੀਆਂ

ਵਿਚ 57 ਹਜ਼ਾਰ 480 ਮੀਟ੍ਰਿਕ ਟਨ ਝੋਨੇ ਦੀ ਆਮਦ ਹੋਈ ਏ ਅਤੇ ਇਸ ਚੋਂ 47 ਹਜ਼ਾਰ 797 ਮੀਟ੍ਰਿਕ ਝੋਨੇ ਦੀ ਖਰੀਦ ਕੀਤੀ ਜਾ ਚੁੱਕੀ ਏ । ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਤੱਕ ਖ਼ਰੀਦੇ ਗਏ ਝੋਨੇ ਵਿਚੋਂ ਪਨ-ਗਰੇਨ ਵੱਲੋਂ 18 ਹਜ਼ਾਰ 694 ਮੀਟਰਿਕ ਟਨ, ਮਾਰਕਫੈਡ ਵੱਲੋਂ 12 ਹਜ਼ਾਰ 598 ਮੀਟਰਿਕ ਟਨ, ਪਨ-ਸਪ ਵੱਲੋਂ 11 ਹਜ਼ਾਰ 184 ਮੀਟਰਿਕ ਟਨ ਅਤੇ ਪੰਜਾਬ ਰਾਜ ਵੇਅਰ ਹਾਊਸ ਕਾਰਪੋਰੇਸ਼ਨ ਵੱਲੋਂ 5321 ਮੀਟਰਿਕ ਟਨ ਝੋਨੇ ਦੀ ਖ਼ਰੀਦ ਕੀਤੀ ਗਈ ਏ ਜਦਕਿ ਵਾਪਰੀਆਂ ਵੱਲੋਂ ਹਾਲੇ ਤੱਕ ਖਰੀਦ ਸ਼ੁਰੂ ਨਹੀਂ ਕੀਤੀ ਗਈ । ਉਨ੍ਹਾਂ ਦੱਸਿਆ ਕਿ ਖਰੀਦ ਕੀਤੇ ਗਏ ਝੋਨੇ ਦੀ ਲਿਫ਼ਟਿੰਗ ਦਾ ਕੰਮ ਵੀ ਹੁਣ ਤੇਜ਼ੀ ਨਾਲ ਸ਼ੁਰੂ ਹੋ ਚੁੱਕਾ ਏ . ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਕਿਸਾਨਾਂ ਨੂੰ ਪਰਾਲੀ ਦੇ ਨਿਪਟਾਰੇ ਸਬੰਧੀ ਮਸ਼ੀਨਰੀ ਦੀ ਜ਼ਰੂਰਤ ਏ ਤਾਂ ਉਹ ਇਸ ਸਬੰਧੀ 'ਉੱਨਤ ਕਿਸਾਨ' ਮੋਬਾਇਲ ਐਪ ਰਾਹੀਂ ਆਪਣੇ ਨੇੜੇ ਮੌਜੂਦ ਮਸ਼ੀਨਰੀ ਦੀ ਬੁਕਿੰਗ ਕਰਵਾ ਸਕਦੇ ਨੇ ।

---------------------------------------------------------

ਪੰਜਾਬ ਮੰਡੀ ਬੋਰਡ ਦੇ ਅਰਮੈਨ ਹਰਚੰਦ ਸਿੰਘ ਬਰਸਟ, ਚੇਨੇ ਕਿਹਾ ਏ

ਕਿ ਸਾਉਣੀ ਰੁਤ 2024-25 ਦੌਰਾਨ ਪੰਜਾਬ ਰਾਜ ਦੀਆਂ ਸਮੂੰਹ ਮੰਡੀਆਂ ਵਿੱਚ ਕਿਸਾਨਾਂ, ਆੜ੍ਹਤੀਆਂ ਅਤੇ ਮਜ਼ਦੂਰਾਂ ਨੂੰ ਕਿਸੇ ਵੀ ਕਿਸਮ ਦੀ ਦਿਕੱਤ ਪੇਸ਼ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਮੰਡੀਆਂ ਵਿੱਚ ਖਰੀਦ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਦੇ ਪੁਖਤਾ ਇੰਤਜਾਮ ਕੀਤੇ ਗਏ ਨੇ । ਉਨ੍ਹਾਂ ਦੱਸਿਆ ਕਿ ਮੰਡੀਆਂ ਵਿੱਚ ਝੋਨੇ ਦੀ ਆਮਦ ਅਤੇ ਖਰੀਦ ਦੇ ਕਾਰਜ ਸੁਚਾਰੂ ਢੰਗ ਨਾਲ ਚਲ ਰਹੇ ਨੇ ਅਤੇ ਹੁਣ ਤੱਕ ਮੰਡੀਆਂ ਵਿੱਚ 2.16 ਲੱਖ ਮੀਟ੍ਰਿਕ ਟਨ ਝੋਨੇ ਦੀ ਆਮਦ ਹੋ ਚੁੱਕੀ ਏ, ਜਿਸ ਵਿੱਚੋਂ 1.55 ਲੱਖ ਮੀਟ੍ਰਿਕ ਟਨ ਦੀ ਖਰੀਦ ਵੀ ਹੋ ਚੁੱਕੀ ਏ , ਜਦ ਕਿ 1.47 ਲੱਖ ਮੀਟ੍ਰਿਕ ਟਨ ਝੋਨੇ ਦੀ ਸਰਕਾਰੀ ਪੱਧਰ ਤੇ ਖਰੀਦ ਹੋਈ ਏ । ਉਨ੍ਹਾਂ ਦੱਸਿਆ ਕਿ ਪੰਜਾਬ ਰਾਜ ਦੀਆਂ ਸਾਰੀਆਂ ਮੰਡੀਆਂ ਵਿੱਚ ਸਾਫ਼-ਸਫਾਈ, ਬਿਜਲੀ, ਪੀਣ ਯੋਗ ਪਾਣੀ, ਬਾਥਰੂਮਾਂ, ਛਾਂ ਅਤੇ ਬੈਠਣ ਆਦਿ ਦੇ ਪੁਖਤਾਂ ਪ੍ਰਬੰਧ ਕੀਤੇ ਗਏ ਨੇ ਅਤੇ ਕਿਸਾਨਾਂ, ਆੜ੍ਹਤੀਆਂ, ਮਜਦੂਰਾਂ ਸਮੇਤ ਕਿਸੇ ਨੂੰ ਕੋਈ ਵੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ, ਆੜ੍ਹਤੀਆਂ ਅਤੇ ਮਜਦੂਰਾਂ ਦੇ ਨਾਲ ਖੜੀ ਏ ਅਤੇ ਉਨ੍ਹਾਂ ਦੇ

ਵਿਕਾਸ ਲਈ ਵਚਨਬੱਧ ਏ ਅਤੇ ਮੰਡੀਆਂ ਵਿੱਚ ਝੋਨਾ ਲੈ ਕੇ ਆਉਣ ਵਾਲੇ ਕਿਸਾਨਾਂ ਦੀ ਫ਼ਸਲ ਦਾ ਦਾਣਾ-ਦਾਣਾ ਖ਼ਰੀਦਿਆਂ ਜਾਵੇਗਾ ਅਤੇ 24 ਘੰਟੇ ਦੇ ਅੰਦਰ-ਅੰਦਰ ਅਦਾਇਗੀ ਵੀ ਕੀਤੀ ਜਾਵੇਗੀ । ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਦੱਸਿਆ ਕਿ ਸੀਜਨ ਦੌਰਾਨ ਕਿਸਾਨਾਂ, ਮਜਦੂਰਾਂ ਅਤੇ ਆੜ੍ਹਤੀਆਂ ਨੂੰ ਮੰਡੀਆਂ ਵਿੱਚ ਪੇਸ਼ ਆਉਣ ਵਾਲੀਆਂ ਮੁਸ਼ਕਲਾਂ ਦਾ ਨਿਪਟਾਰਾ ਕਰਨ ਲਈ ਪੰਜਾਬ ਮੰਡੀ ਬੋਰਡ ਦੇ ਮੁੱਖ ਦਫ਼ਤਰ ਵਿਖੇ ਵਿਸ਼ੇਸ਼ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਏ । ਮੰਡੀਆਂ ਵਿੱਚ ਕਿਸੇ ਵੀ ਕਿਸਮ ਦੀ ਸਮੱਸਿਆ ਪੇਸ਼ ਆਉਣ ਤੇ ਕੰਟਰੋਲ ਰੂਮ ਦੇ ਟੈਲੀਫੋਨ ਨੰ. 0172-5101649 ਅਤੇ 0172-5101704 ਤੇ ਸਵੇਰੇ 9 ਵਜੇ ਤੋਂ ਰਾਤ ਦੇ 8 ਵਜੇ ਤੱਕ ਸੂਚਿਤ ਕੀਤਾ ਜਾ ਸਕਦਾ ਏ, ਤਾਂ ਕਿ ਸਮੱਸਿਆ ਦਾ ਜਲਦ ਤੋਂ ਜਲਦ ਨਿਪਟਾਰਾ ਕੀਤਾ ਜਾ ਸਕੇ। ਚੇਅਰਮੈਨ ਨੇ ਦੱਸਿਆ ਕਿ ਸਾਫ਼ਟਵੇਅਰ ਸਬੰਧੀ ਕੰਪਿਊਟਰ ਸ਼ਾਖਾ ਵੱਲੋਂ ਹੈਲਪਲਾਈਨ ਨੰ. 0172-5101674, 9877937725, 8360899462 ਅਤੇ ਈਮੇਲ ਆਈ.ਡੀ. imspmbsupport@weexcel.in ਸਥਾਪਿਤ ਕੀਤੀ ਗਈ ਏ

। ਉਨ੍ਹਾਂ ਸਾਰੇ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਕਿਹਾ ਕਿ ਉਹ ਪੂਰੀ ਤਨਦੇਹੀ ਨਾਲ ਮੰਡੀਆਂ ਵਿੱਚ ਝੋਨੇ ਦੀ ਖਰੀਦ ਦੇ ਕਾਰਜਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ, ਤਾਂ ਜੋ ਕਿਸਾਨ ਬਿਨਾਂ ਕਿਸੇ ਔਕੜ ਤੋਂ ਖੁਸ਼ੀ-ਖੁਸ਼ੀ ਆਪਣੀ ਫਸਲ ਨੂੰ ਵੇਚ ਕੇ ਜਲਦ ਤੋਂ ਜਲਦ ਆਪਣੇ ਘਰ ਜਾ ਸਕਣ ।

-----------------------------------------------ਅੱਜ

ਦੁਨੀਆ ਭਰ ਵਿੱਚ ਵਿਸ਼ਵ ਮਾਨਸਿਕ ਸਿਹਤ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ ਮਾਨਸਿਕ ਸਿਹਤ ਮੁੱਦਿਆਂ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਦੁਨੀਆ ਭਰ ਵਿੱਚ ਮਾਨਸਿਕ ਸਿਹਤ ਸੇਵਾਵਾਂ ਨੂੰ ਉਤਸ਼ਾਹਿਤ ਕਰਨ ਲਈ, ਯਤਨਾਂ ਨੂੰ ਮਜ਼ਬੂਤ ਕਰਨ ਲਈ ਮਨਾਇਆ ਜਾਂਦਾ ਏ। ਇਸ ਸਾਲ ਦਾ ਵਿਸ਼ਾ - ''ਕੰਮ ਵਾਲੀ ਥਾਂ 'ਤੇ ਮਾਨਸਿਕ ਸਿਹਤ'' ਏ। ਮਾਨਸਿਕ ਸਿਹਤ ਪ੍ਰਤੀ ਜਾਗਰੂਕ ਕਰਦਿਆਂ, ਵੱਖ-ਵੱਖ ਡਾਕਟਰਾਂ ਦਾ ਕਹਿਣਾ ਏ ।

**BYTE -**

----------------------------------------------

## ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਦੀ ਐਕਟ ਈਸਟ ਨੀਤੀ ਨੇ ਆਸੀਆਨ ਦੇਸ਼ਾਂ ਨਾਲ ਸਬੰਧਾਂ ਨੂੰ ਨਵੀਂ ਊਰਜਾ, ਗਤੀ ਅਤੇ ਦਿਸ਼ਾ ਦਿੱਤੀ ਏ।
- ਉਘੇ ਸਨਅਤਕਾਰ ਅਤੇ ਮਾਨਵਤਾਵਾਦੀ, ਰਤਨ ਟਾਟਾ ਦਾ ਅੱਜ ਵਰ੍ਲੀ ਦੇ ਸ਼ਮਸ਼ਾਨ ਘਟ ‘ਤੇ = ਅੰਤਮ ਸੰਸਕਾਰ ਕਰ ਦਿੱਤਾ ਗਿਆ ਏ।
- ਪੰਜਾਬ ਦੇ ਰਾਜਪਾਲ ਅਤੇ ਕੇਂਦਰ ਪਰਬੰਧਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ, ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਚੰਡੀਗੜ੍ਹ’ਚ ਪੰਜਾਬ ਰਾਜ ਭਵਨ ਵਿਖੇ ਰਾਸ਼ਟਰੀ ਸਿੱਖਿਆ ਨੀਤੀ (ਐਨ.ਈ.ਪੀ.) 2020 'ਤੇ ਦੋ ਰੋਜ਼ਾ ਵਾਈਸ ਚਾਂਸਲਰ ਕਾਨਫਰੰਸ ਦਾ ਉਦਘਾਟਨ ਕੀਤਾ।
- ਪੰਜਾਬ ਵਿਚ ਖੇਤੀਬਾੜੀ ਵਿਭਾਗ ਵਲੋਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਖੇਤਾਂ ਵਿੱਚ ਹੀ ਰਲਾਉਣ ਅਤੇ ਸੁਚੱਜੇ ਪ੍ਰਬੰਧਨ ਦੀ ਅਪੀਲ ਕੀਤੀ ਜਾ ਰਹੀ ਏ।